19 Oct-Fdk-Mkt-5--7-8--9-10-11-12.qxd 19-Oct-25 11:05 PM Page 3

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 20 ਅਕਤੂਬਰ ਨੂੰ ਸ਼ਾਮ 4.00 ਤੋਂ 6.00 ਵਜੇ ਤੱਕ ਭਾਈ ਸਿਮਰਨਜੀਤ ਸਿੰਘ ਅਤੇ 21 ਅਕਤੂਬਰ ਨੂੰ ਸਵੇਰੇ 4.00 ਤੋਂ 6.00 ਵਜੇ ਤੱਕ ਭਾਈ ਸਤਿੰਦਰਬੀਰ ਸਿੰਘ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 20 ਅਕਤੂਬਰ ਨੂੰ ਸ਼ਾਮ 5.00 ਤੋਂ 7.00 ਵਜੇ ਤੱਕ ਭਾਈ ਸਿਮਰਨਜੀਤ ਸਿੰਘ, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' ਭਾਈ ਜਗਤਾਰ ਸਿੰਘ ਖ਼ ਤੇ 21 ਅਕਤੂਬਰ ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ ਭਾਈ ਸਤਿੰਦਰਬੀਰ ਸਿੰਘ ਤੇ ਭਾਈ ਸਾਹਿਬ ਸਿੰਘ ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 20 ਅਕਤੂਬਰ ਅਤੇ 21 ਅਕਤੂਬਰ ਨੂੰ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਲੁਧਿਆਣਾ ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਪਿੰਡ ਲੁਬਾਣਿਆਂਵਾਲੀ ਦੇ ਡੇਰਾ ਬਾਬਾ ਦਿਆਲ ਦਾਸ ਵਿਖੇ ਹਲਕਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਫ਼ਸਲਾਂ ਦੇ ਖਰਾਬੇ ਸਬੰਧੀ ਲਾਭਪਾਤਰੀਆਂ ਨੂੰ ਸੈਂਕਸ਼ਨ ਲੈਟਰ ਦਿੰਦੇ ਹੋਏ। ਅਜੀਤ ਤਸਵੀਰ

ਵਿਧਾਇਕ ਕਾਕਾ ਬਰਾੜ ਨੇ ਫ਼ਸਲਾਂ ਦੇ ਖ਼ਰਾਬੇ ਸੰਬੰਧੀ 21 ਲੱਖ ਦੇ ਸੈਂਕਸ਼ਨ ਲੈਟਰ ਜਾਰੀ ਕੀਤੇ

ਸ੍ਰੀ ਮੁਕਤਸਰ ਸਾਹਿਬ, 19 ਅਕਤੂਬਰ (ਰਣਜੀਤ ਸਿੰਘ ਢਿੱਲੋਂ)-ਫ਼ਸਲਾਂ ਦੇ ਖਰਾਬੇ ਸਬੰਧੀ ਮੁਆਵਜਾ ਦੇਣ ਲਈ ਹਲਕਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਹਲਕੇ ਦੇ ਪਿੰਡ ਲੁਬਾਣਿਆਂਵਾਲੀ ਦੇ ਬਾਬਾ ਦਿਆਲ ਦਾਸ ਦੇ ਡੇਰੇ ਵਿਖੇ ਕਾਨਿਆਂਵਾਲੀ, ਬੂੜਾ ਗੁੱਜਰ, ਲੰਡੇਰੋਡੇ ਅਤੇ ਲੁਬਾਣਿਆਂਵਾਲੀ ਦੇ ਲਾਭਪਾਤਰੀਆਂ ਨੂੰ 21 ਲੱਖ ਰੁਪਏ ਦੀ ਰਾਸ਼ੀ ਦੇ ਸੈਂਕਸ਼ਨ ਲੈਟਰ ਜਾਰੀ ਕੀਤੇ ਗਏ। ਉਨ੍ਹਾਂ ਕਿਹਾ ਕਿ ਭਾਰੀ ਬਾਰਿਸ਼ ਦੌਰਾਨ ਜਿਨ੍ਹਾਂ ਪਿੰਡਾਂ ਵਿਚ ਫ਼ਸਲਾਂ ਦਾ ਜਾਂ ਮਕਾਨਾਂ ਦਾ ਜੋ ਨੁਕਸਾਨ ਹੋਇਆ ਸੀ ਉਨ੍ਹਾਂ ਨੂੰ ਮੁਆਵਾਜ਼ਾ ਮੁਹੱਈਆ ਕਰਵਾਇਆ ਜਾ ਰਿਹਾ ਹੈ, ਸੋ ਉਸ ਲੜੀ ਤਹਿਤ ਇਨ੍ਹਾਂ ਪਿੰਡਾਂ ਦੇ 68 ਲਾਭਪਾਤਰੀਆਂ ਨੂੰ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਦੀਵਾਲੀ ਤੋਂ ਪਹਿਲਾਂ ਹੜ੍ਹਾਂ ਦੇ ਮੁਆਵਜ਼ੇ ਸਬੰਧੀ ਰਾਸ਼ੀ ਜਾਰੀ ਕਰਨ ਦਾ ਜੋ ਵਾਅਦਾ ਕੀਤਾ ਗਿਆ ਸੀ ਉਸ ਵਾਅਦੇ ਨੂੰ ਪੂਰਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਪੰਜਾਬ ਸਰਕਾਰ ਵਲੋਂ ਜੋ ਮਿਸ਼ਨ 'ਚੜਦੀਕਲਾ' ਸ਼ੁਰੂ ਕੀਤਾ ਗਿਆ ਸੀ, ਉਸ ਮਿਸ਼ਨ ਦਾ ਮਕਸਦ ਸੀ ਕਿ ਅਸੀਂ ਪੰਜਾਬ ਦੇ ਲੋਕਾਂ ਨੂੰ ਚੜ੍ਹਦੀਕਲਾ ਵਿਚ ਰੱਖਣਾ ਹੈ। ਇਸ ਮੌਕੇ ਤਹਿਸੀਲਦਾਰ ਗੁਰਪ੍ਰੀਤ ਸਿੰਘ, ਕਾਨੂੰਗੋ ਸੁਖਦੇਵ ਮੁਹੰਮਦ, ਸਰਪੰਚ ਗੁਰਦੇਵ ਸਿੰਘ, ਪਟਵਾਰੀ ਮਹਿੰਦਰ ਸਿੰਘ, ਪਟਵਾਰੀ ਗੁਰਮਿਲਾਪ ਸਿੰਘ, ਮਨਜੀਤ ਸਿੰਘ ਪਟਵਾਰੀ ਬੂੜਾ ਗੁੱਜਰ, ਅਮਰੀਕ ਸਿੰਘ ਪਟਵਾਰੀ ਲੁਬਾਣਿਆਂਵਾਲੀ, ਇਕਬਾਲ ਸਿੰਘ, ਬਰਲਾਜ ਸਿੰਘ ਸਾਬਕਾ ਸਰਪੰਚ, ਗੁਰਬਚਨ ਸਿੰਘ ਖਾਲਸਾ, ਗੁਰਪ੍ਰੀਤ ਸਿੰਘ ਪੁੱਤਰ ਬਹਾਦੁਰ ਸਿੰਘ, ਹਰਜਿੰਦਰ ਸਿੰਘ ਪੁੱਤਰ ਗੁਰਲਾਲ ਸਿੰਘ, ਰਣਧੀਰ ਸਿੰਘ, ਅਮਰਜੀਤ ਸਿੰਘ ਪੁੱਤਰ ਮੁਖਤਿਆਰ ਸਿੰਘ, ਰਾਜੂ ਪੁੱਤਰ ਪੂਰਨ ਸਿੰਘ ਲੰਡੇ ਰੋਡੇ, ਰਾਜਾ ਸਰਪੰਚ, ਸੁਖਜਿੰਦਰ ਸਿੰਘ, ਗੁਰਪ੍ਰੀਤ ਸਿੰਘ, ਸਮਾਇਲ ਕੁਮਾਰ ਤੋਂ ਇਲਾਵਾ ਵੱਖ-ਵੱਖ ਪੰਚਾਇਤਾਂ ਦੇ ਨੁਮਾਇੰਦੇ ਅਤੇ ਪਾਰਟੀ ਵਰਕਰ ਹਾਜ਼ਰ ਸਨ।

ਜਨਮ ਦਿਨ ਮੁਬਾਰਕ

ਅਵਲੀਨ ਕੌਰ
ਪਿਤਾ: ਕ੍ਰਿਸ਼ਨਜੀਤ ਸਿੰਘ
ਮਾਤਾ: ਰਮਨਦੀਪ ਕੌਰ ਵਾਸੀ
ਫ਼ਰੀਦਕੋਟ

ਐਸ.ਡੀ. ਸਕੂਲ ਮਲੋਟ ਵਿਖੇ ਵੱਖ-ਵੱਖ ਮੁਕਾਬਲਿਆਂ 'ਚ ਹਿੱਸਾ ਲੈਂਦੇ ਵਿਦਿਆਰਥੀ ਪ੍ਰਿੰਸੀਪਲ ਡਾ. ਨੀਰੂ ਬਠਲਾ ਅਤੇ ਸਕੂਲ ਸਟਾਫ਼ ਨਾਲ। ਤਸਵੀਰ : ਪਾਟਿਲ

ਐਸ.ਡੀ. ਸਕੂਲ 'ਚ ਗਰੀਨ ਦੀਵਾਲੀ ਮਨਾਈ

ਮਲੋਟ, 19 ਅਕਤੂਬਰ (ਪਾਟਿਲ)-ਐਸ.ਡੀ. ਸੀਨੀਅਰ ਸੈਕੰਡਰੀ ਸਕੂਲ ਮਲੋਟ ਵਿਚ ਦੀਵਾਲੀ ਦੇ ਤਿਉਹਾਰ 'ਤੇ ਸਕੂਲ ਪ੍ਰਿੰਸੀਪਲ ਡਾ. ਨੀਰੂ ਬਠਲਾ ਵਾਟਸ ਦੀ ਰਹਿਨੁਮਾਈ ਹੇਠ ਸਕੂਲ 'ਚ ਗਰੀਨ ਦੀਵਾਲੀ ਮਨਾਈ ਗਈ। ਪ੍ਰਿੰਸੀਪਲ ਨੇ ਕਿਹਾ ਕਿ ਦੀਵਾਲੀ ਦਾ ਤਿਉਹਾਰ ਰੌਸ਼ਨੀਆਂ ਦਾ ਤਿਉਹਾਰ ਹੈ, ਇਸ ਲਈ ਉਨ੍ਹਾਂ ਨੂੰ ਇਹ ਪ੍ਰਣ ਲੈਣ ਦੀ ਲੋੜ ਹੈ ਕਿ ਉਹ ਇਸ ਸਾਲ ਦੀਵਾਲੀ ਦੇ ਮੌਕੇ 'ਤੇ ਪਟਾਕੇ ਨਹੀਂ ਚਲਾਉਣਗੇ। ਇਸ ਮੌਕੇ ਸਕੂਲ ਵਿਚ ਵੱਖ-ਵੱਖ ਮੁਕਾਬਲੇ ਜਿਵੇਂ ਕਿ ਕੈਂਡਲ ਡੈਕੋਰੇਸ਼ਨ, ਗ੍ਰੀਟਿੰਗ, ਦੀਵਾ ਡੈਕੋਰੇਸ਼ਨ, ਥਾਲੀ ਡੈਕੋਰੇਸ਼ਨ ਅਤੇ ਰੰਗੋਲੀ ਮੇਕਿੰਗ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿਚ ਸਕੂਲ ਦੇ ਬਹੁਤ ਸਾਰੇ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਭਾਗ ਲਿਆ। ਨਰਸਰੀ ਅਤੇ ਐਲ.ਕੇ.ਜੀ ਦੇ ਛੋਟੇ-ਛੋਟੇ ਬੱਚਿਆਂ ਵਿਚਕਾਰ ਕੈਂਡਲ ਡੈਕੋਰੇਸ਼ਨ ਐਕਟੀਵਿਟੀਜ਼ ਕਰਵਾਈਆਂ ਗਈਆਂ। ਇਸ ਤੋਂ ਬਾਅਦ ਸਕੂਲ ਪ੍ਰਿੰਸੀਪਲ ਡਾ. ਨੀਰੂ ਬਠਲਾ ਨੇ ਸਕੂਲ ਦੇ ਸਮੂਹ ਵਿਦਿਆਰਥੀਆਂ ਤੇ ਅਧਿਆਪਕਾਂ ਨੂੰ ਦੀਵਾਲੀ ਦੀ ਵਧਾਈ ਦਿੱਤੀ।

ਫ਼ੇਬਲ ਪਬਲਿਕ ਸਕੂਲ 'ਚ ਦੀਵਾਲੀ ਦਾ ਤਿਉਹਾਰ ਮਨਾਇਆ

ਕੋਟਕਪੂਰਾ, 19 ਅਕਤੂਬਰ (ਮੋਹਰ ਸਿੰਘ ਗਿੱਲ)-ਫ਼ੇਬਲ ਪਬਲਿਕ ਸਕੂਲ ਵਿਖੇ ਦੀਵਾਲੀ ਦਾ ਪ੍ਰੋਗਰਾਮ ਬੜੀ ਧੂਮਧਾਮ ਅਤੇ ਹਾਸੇ ਅਤੇ ਖੁਸ਼ੀ ਨਾਲ ਮਨਾਇਆ ਗਿਆ। ਸਕੂਲ ਦੇ ਵਿਦਿਆਰਥੀਆਂ ਨੇ ਵੱਖ-ਵੱਖ ਸੱਭਿਆਚਾਰਕ ਪ੍ਰੋਗਰਾਮਾਂ ਰਾਹੀਂ ਦੀਵਾਲੀ ਦੇ ਮਹੱਤਵ ਨੂੰ ਦਰਸਾਇਆ। ਪ੍ਰੋਗਰਾਮ ਦੀ ਸ਼ੁਰੂਆਤ ਭਗਵਾਨ ਦੀ ਜੋਤ ਜਗਾ ਕੇ ਕੀਤੀ ਗਈ। ਬੱਚਿਆਂ ਨੇ ਰੰਗੋਲੀ, ਦੀਵੇ ਤੇ ਥਾਲੀ ਸਜਾਉਣ ਦੇ ਮੁਕਾਬਲਿਆਂ ਵਿਚ ਵੱਡੇ ਉਤਸ਼ਾਹ ਨਾਲ ਹਿੱਸਾ ਲਿਆ। ਪ੍ਰੋਗਰਾਮ ਵਿਚ ਵਿਦਿਆਰਥੀਆਂ ਵਲੋਂ ਪੇਸ਼ ਕੀਤੇ ਗੀਤ ਤੇ ਨਾਟਕ ਨੇ ਸਭ ਦਾ ਮਨ ਮੋਹ ਲਿਆ। ਸਕੂਲ ਚੇਅਰਮੈਨ ਹਰਜਿੰਦਰ ਸਿੰਘ ਨੇ ਸਾਰੇ ਵਿਦਿਆਰਥੀਆਂ ਨੂੰ ਦੀਵਾਲੀ ਦੀਆਂ ਵਧਾਈਆਂ ਦਿੱਤੀਆਂ ਅਤੇ ਉਨ੍ਹਾਂ ਨੂੰ ਸੁਰੱਖਿਅਤ ਅਤੇ ਪ੍ਰਦੂਸ਼ਣ-ਮੁਕਤ ਦੀਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਦਿਵਾਲੀ ਦੇ ਮੌਕੇ 'ਤੇ ਤੋਹਫੇ ਦੇ ਕੇ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸਕੂਲ ਦੇ ਕੋਆਡੀਨੇਟਰ ਸਾਕਸ਼ੀ, ਪ੍ਰਿੰਯਕਾ, ਅਮਨਦੀਪ ਸ਼ਰਮਾ, ਗੀਤਾ ਸ਼ਰਮਾ ਹਾਜ਼ਰ ਸਨ। ਅੰਤ ਵਿਚ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਮਿਲ ਕੇ ਖੁਸ਼ੀਆਂ ਸਾਂਝੀਆਂ ਕੀਤੀਆਂ ਅਤੇ ਮਠਿਆਈਆਂ ਵੰਡੀਆਂ।

ਸੰਪਾਦਕ-ਰਾਜਿੰਦਰ ਸਿੰਘ। ਪ੍ਰਕਾਸ਼ ਕੌਰ ਹਮਦਰਦ, ਪ੍ਰਿੰਟਰ, ਪਬਲਿਸ਼ਰ ਤੇ ਸੈਕਟਰੀ ਟਰੱਸਟ ਨੇ ਸਾਧੂ ਸਿੰਘ ਹਮਦਰਦ ਟਰੱਸਟ ਲਈ ਡੇਲੀ ਅਜੀਤ ਪ੍ਰਿੰਟਰਜ਼, ਲੱਧੜਾਂ, ਜਲੰਧਰ ਤੋਂ ਛਪਵਾ ਕੇ ਸ਼ਾਪ ਨੰ: 72, ਸੁਭਾਸ਼ ਮਾਰਕੀਟ, ਮਾਲ ਰੋਡ, ਬਠਿੰਡਾ ਤੋਂ ਪ੍ਰਕਾਸ਼ਤ ਕੀਤਾ।
ਆਰ. ਐਨ. ਆਈ. ਰਜਿਸਟ੍ਰੇਸ਼ਨ ਨੰ: PUNPUN/2017/70557

Editor- Rajinder Singh. Printer, Publisher and Secretary Parkash Kaur Hamdard. Printed for Sadhu Singh Hamdard Trust at Daily Ajit Printers, Lidhran, Jalandhar and Published from Shop No. 72, Subhash Market, Mall Road, Bathinda. RNI Regd. No:- PUNPUN/2017/70557



ਗਿੱਦੜਬਾਹਾ ਸ਼ਹਿਰ ਅੰਦਰ ਸ਼ਰੇਆਮ ਵੇਚੇ ਜਾ ਰਹੇ ਪਟਾਕੇ ਅਤੇ ਇਕ ਦੁਕਾਨਦਾਰ ਵਲੋਂ ਦਿਵਾਈ ਗਈ ਵਿਵਾਦਿਤ ਪਰਚੀ। ਤਸਵੀਰ : ਸ਼ਿਵਰਾਜ ਸਿੰਘ ਬਰਾੜ

ਗਿੱਦੜਬਾਹਾ 'ਚ ਜ਼ਿਲ੍ਹਾ ਅਧਿਕਾਰੀਆਂ ਦੇ ਹੁਕਮ ਹਵਾ 'ਚ ਉੱਡੇ

• 'ਹੈਪੀ ਦੀਵਾਲੀ-ਬਾਏ ਪੀਡੀ' ਪਰਚੀ ਚਰਚਾ 'ਚ • ਧੜੱਲੇ ਨਾਲ ਜਨਤਕ ਥਾਵਾਂ 'ਤੇ ਪਟਾਕਿਆ ਦੀ ਵਿਕਰੀ ਬਿਨਾਂ ਰੋਕ ਟੋਕ ਜਾਰੀ

ਗਿੱਦੜਬਾਹਾ, 19 ਅਕਤੂਬਰ (ਸ਼ਿਵਰਾਜ ਸਿੰਘ ਬਰਾੜ)-ਗਿੱਦੜਬਾਹਾ ਦੇ ਸੰਘਣੀ ਅਬਾਦੀ ਵਾਲੇ ਬਾਜ਼ਾਰਾਂ ਵਿਚ ਧੜੱਲੇ ਨਾਲ ਬਿਨ੍ਹਾਂ ਰੋਕਟੋਕ ਤੋਂ ਕੀਤੀ ਜਾ ਰਹੀ ਪਟਾਕਿਆਂ ਵੀ ਵਿਕਰੀ ਨੇ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਜਾਰੀ ਸਖ਼ਤ ਹੁਕਮਾਂ ਨੂੰ ਹਵਾ ਵਿਚ ਉਡਾ ਦਿੱਤਾ ਹੈ। ਪਟਾਕਾ ਵਿਕ੍ਰੇਤਾਵਾਂ ਦੇ ਹੱਥਾਂ 'ਚ 'ਹੈਪੀ ਦਿਵਾਲੀ-ਬਾਏ ਪੀਡੀ' ਵਾਲੀ ਪਰਚੀ ਖ਼ੂਬ ਚਰਚਾ ਵਿਚ ਹੈ। ਜ਼ਿਕਰਯੋਗ ਹੈ ਕਿ ਹਰ ਸਾਲ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਕੋਈ ਅਣਸੁਖਾਂਵੀਂ ਘਟਨਾ ਵਾਪਰ ਤੋਂ ਰੋਕਣ ਲਈ ਪਟਾਕਿਆਂ ਦੀ ਵਿਕਰੀ ਲਈ ਇਕ ਖ਼ਾਸ ਜਗ੍ਹਾ ਮੁਕੱਰਰ ਕੀਤੀ ਜਾਂਦੀ ਹੈ ਅਤੇ ਨਾਲ ਹੀ ਪਟਾਕਾ ਵਿਕ੍ਰੇਤਾਵਾਂ ਨੂੰ ਪਟਾਕੇ ਵੇਚਣ ਲਈ ਕੁਝ ਦਿਨਾਂ ਲਈ ਆਰਜੀ ਲਾਇਸੰਸ ਜਾਰੀ ਕੀਤੇ ਜਾਂਦੇ ਹਨ। ਏਸੇ ਤਹਿਤ ਮਾਣਯੋਗ ਜ਼ਿਲ੍ਹਾ ਵਧੀਕ ਡਿਪਟੀ ਕਮਿਸ਼ਨਰ ਗੁਰਪ੍ਰੀਤ ਸਿੰਘ ਥਿੰਦ ਵਲੋਂ ਗਿੱਦੜਬਾਹਾ ਵਿਚ ਪੰਜ ਲਾਭਪਾਤਰੀਆਂ ਨੂੰ ਆਰਜੀ ਲਾਇਸੰਸ ਜਾਰੀ ਕੀਤੇ ਗਏ ਸਨ ਅਤੇ ਹਦਾਇਤਾਂ ਕੀਤੀਆਂ ਗਈਆਂ ਸਨ ਕਿ ਉਹ ਪਟਾਕਿਆਂ ਦੀ ਵਿਕਰੀ ਡੀ.ਏ.ਵੀ ਸਕੂਲ ਦੀ ਖੇਡ ਗਰਾਊਂਡ ਵਿਚ ਹੀ ਕਰ ਸਕਦੇ ਹਨ। ਅਰਚਰਜ ਦੀ ਗੱਲ ਇਹ ਹੈ ਕਿ ਉਕਤ ਨਿਰਧਾਰਿਤ ਜਗ੍ਹਾ 'ਤੇ ਸਿਰਫ਼ ਇਕ ਹੀ ਲਾਇਸੰਸ ਧਾਰਕ ਵਲੋਂ ਆਪਣੀ ਪਟਾਕਾ ਵੇਚਣ ਦੀ ਸਟਾਲ ਲਗਾਈ ਗਈ ਹੈ। ਮੌਕੇ 'ਤੇ ਹਾਜ਼ਰ ਸਟਾਕ ਦੇ ਮਾਲਿਕ ਗੁਰਵੀਰ ਸਿੰਘ ਦਾ ਕਹਿਣਾ ਸੀ ਕਿ ਉਨ੍ਹਾਂ ਵੱਲ ਹਦਾਇਤਾਂ ਅਨੁਸਾਰ ਡੀ.ਏ.ਵੀ ਸਕੂਲ ਦੇ ਗਰਾਊਂਡ ਵਿਚ ਆਪਣੀ ਸਟਾਲ ਲਗਾਈ ਹੈ। ਹੈਰਾਨੀ ਦੀ ਗੱਲ ਇਹ ਸੀ ਕਿ ਹੋਰਨਾਂ ਲਾਇਸੰਸ ਧਾਰਕਾਂ ਵਲੋਂ ਉਕਤ ਜਗ੍ਹਾ 'ਤੇ ਆਪਣੀਆਂ ਸਟਾਲਾਂ ਕਿਉਂ ਨਹੀਂ ਲਗਾਈਆਂ ਗਈਆਂ? ਭਾਵੇਂ ਪ੍ਰਸ਼ਾਸਨ ਵਲੋਂ ਪੰਜ ਲਾਭਪਾਤਰੀਆਂ ਨੂੰ ਆਰਜੀ ਲਾਇਸੰਸ ਦਿੱਤੇ ਗਏ ਹਨ ਪ੍ਰੰਤੂ ਸ਼ਹਿਰ ਅੰਦਰ ਸੰਘਣੀ ਅਬਾਦੀ ਵਿਚ ਤਿੰਨ ਦਰਜਨ ਤੋਂ ਵੀ ਵੱਧ ਪਟਾਕਾ ਵੇਚਣ ਵਾਲੀਆਂ ਸਟਾਲਾਂ ਸੜਕ ਕਿਨਾਰਿਆਂ ਉਪਰ ਲੱਗੀਆਂ ਹਨ। ਏਥੇ ਹੀ ਬੱਸ ਨਹੀਂ ਕਈ ਕਰਿਆਨਾ ਜਾਂ ਕੱਪੜਾ ਵੇਚਣ ਵਾਲੇ ਦੁਕਾਨਦਾਰ ਵੀ ਪਟਾਕੇ ਵੇਚ ਰਹੇ ਹਨ। ਕੁਝ ਪਟਾਕਾ ਵਿਕ੍ਰੇਤਾਵਾਂ ਵਲੋਂ ਆਪਣਾ ਨਾਂਅ ਗੁਪਤ ਰੱਖਣ ਦੀ ਸ਼ਰਤ 'ਤੇ ਹੈਰਾਨੀਜਨਕ ਖ਼ੁਲਾਸਾ ਕਰਦਿਆਂ ਦੱਸਿਆ ਕਿ ਉਨ੍ਹਾਂ ਨੂੰ ਇਕ ਨੇਤਾ ਵਲੋਂ 'ਹੈਪੀ ਦੀਵਾਲੀ-ਬਾਏ ਪੀਡੀ' ਪਰਚੀ ਦਿੱਤੀ ਹੈ ਅਤੇ ਕਿਹਾ ਕਿ ਜੇਕਰ ਕੋਈ ਅਧਿਕਾਰੀ ਜਾਂ ਕਰਮਚਾਰੀ ਉਨ੍ਹਾਂ ਨੂੰ ਪਟਾਕਾ ਵੇਚਣ ਸਬੰਧੀ ਪੁੱਛੇ ਤਾਂ ਇਹ ਪਰਚੀ ਦਿਖਾ ਦਿੱਤੀ ਜਾਵੇ। ਉਕਤ ਪਰਚੀ ਦੀ ਬਾਜ਼ਾਰ ਵਿਚ ਖ਼ੂਬ ਚਰਚਾ ਹੋ ਰਹੀ ਹੈ। ਸੰਘਣੀ ਅਬਾਦੀ ਵਿਚ ਕੀਤੀ ਜਾ ਰਹੀ ਪਟਾਕਿਆਂ ਵੀ ਵਿਕਰੀ ਸਮੇਂ ਜੇਕਰ ਅਚਾਨਕ ਕੋਈ ਅਣਸੁਖਾਂਵੀ ਘਟਨਾ ਵਾਪਰ ਜਾਵੇ ਤਾਂ ਅੱਗ ਬੁਝਾਊ ਦਸਤਿਆਂ ਨੂੰ ਸ਼ਹਿਰ ਅੰਦਰ ਦਾਖ਼ਲ ਹੋਣਾ ਵੀ ਮੁਸ਼ਕਿਲ ਹੋ ਜਾਵੇਗਾ। ਆਮ ਆਵਾਜਾਵੀ ਵਿਚ ਅੱਜ ਸਾਰਾ ਦਿਨ ਟ੍ਰੈਫ਼ਿਕ ਜਾਮ ਰਿਹਾ। ਐਸ.ਡੀ.ਐਮ ਜਸਪਾਲ ਸਿੰਘ ਬਰਾੜ ਵਲੋਂ ਮੋਬਾਇਲ 'ਤੇ ਜਾਣਕਾਰੀ ਦਿੰਦਿਆ ਕਿਹਾ ਕਿ ਉਹ ਪੜਤਾਲ ਕਰਨ ਲਈ ਅਧਿਕਾਰੀਆਂ ਨੂੰ ਭੇਜ ਰਹੇ ਹਨ। ਵਿਵਾਦਿਤ ਪਰਚੀ ਸਬੰਧੀ ਪੁੱਛੇ ਜਾਣ 'ਤੇ ਉਨ੍ਹਾਂ ਅਗਿਆਨਤਾ ਪਗਟਾਈ।

ਸ੍ਰੀ ਮੁਕਤਸਰ ਸਾਹਿਬ ਵਿਖੇ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਮੀਟਿੰਗ ਵਿਚ ਸ਼ਾਮਿਲ ਵੱਖ-ਵੱਖ ਅਹੁਦੇਦਾਰ ਅਤੇ ਮੈਂਬਰ। ਅਜੀਤ ਤਸਵੀਰ

ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਜ਼ਿਲ੍ਹਾ ਪੱਧਰੀ ਮੀਟਿੰਗ

ਸ੍ਰੀ ਮੁਕਤਸਰ ਸਾਹਿਬ, 19 ਅਕਤੂਬਰ (ਰਣਜੀਤ ਸਿੰਘ ਢਿੱਲੋਂ)-ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਮੀਟਿੰਗ ਭਾਈ ਮਹਾਂ ਸਿੰਘ ਦੀਵਾਨ ਹਾਲ ਸ੍ਰੀ ਮੁਕਤਸਰ ਸਾਹਿਬ ਵਿਖੇ ਜਸਵੰਤ ਸਿੰਘ ਮੀਤ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿਚ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਕਣਕ ਦੀ ਬਿਜਾਈ ਵਾਸਤੇ ਡੀ.ਏ.ਪੀ. ਖਾਦ ਦਾ ਪ੍ਰਬੰਧ ਕਰੇ ਤਾਂ ਕਿ ਕਿਸਾਨ ਕਣਕ ਦੀ ਬਜਾਈ ਸਮੇਂ ਸਿਰ ਕਰ ਸਕਣ। ਝੋਨੇ ਦੀ ਪਰਾਲੀ ਵਾਸਤੇ ਸਰਕਾਰ ਕਿਸਾਨਾਂ ਨੂੰ ਮਸ਼ੀਨਾਂ ਦੇਵੇ ਤਾਂ ਜੋ ਪਰਾਲੀ ਦੀ ਸਮੇਂ ਸਿਰ ਸੰਭਾਲ ਹੋ ਸਕੇ। ਉਨ੍ਹਾਂ ਕਿਹਾ ਕਿ ਜੇਕਰ ਕਿਸਾਨ ਨੂੰ ਸਰਕਾਰ 2500 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਸਹਾਇਤਾ ਦਿੰਦੀ ਹੈ ਤਾਂ ਫਿਰ ਕਿਸਾਨ ਪਰਾਲੀ ਨੂੰ ਅੱਗ ਨਹੀਂ ਲਾਉਣਗੇ ਅਤੇ ਇਸ ਖਰਚੇ ਨਾਲ ਪਰਾਲੀ ਨ